15ਵੀਂ ਵਿਧਾਨ ਸਭਾ
ਵਿਸ਼ੇਸ਼ (ਨੌਵਾਂ) ਸਮਾਗਮ

# ਪੰਜਾਬ ਵਿਧਾਨ ਸਭਾ

## ਬੁਲੇਟਿਨ ਨੰ. 1

**ਬੁੱਧਵਾਰ, 06 ਨਵੰਬਰ, 2019**
**(02.30 ਵਜੇ ਬਾਅਦ ਦੁਪਹਿਰ ਤੋਂ 07.42 ਵਜੇ ਸ਼ਾਮ ਤੱਕ)**

### 1. ਅਕਾਲ ਚਲਾਣਿਆਂ ਦਾ ਵਰਣਨ

ਮਾਨਯੋਗ ਸਪੀਕਰ ਵੱਲੋਂ ਨਿਮਨਲਿਖਤ ਦੇ ਅਕਾਲ ਚਲਾਣਿਆਂ ਦਾ ਵਰਣਨ ਕੀਤਾ ਗਿਆ :-

1. ਸ਼੍ਰੀ ਰਜਨੀਸ਼ ਕੁਮਾਰ ਬੱਬੀ, ਐਮ.ਐਲ.ਏ;
2. ਸ਼੍ਰੀ ਅਰੁਣ ਜੇਤਲੀ, ਸਾਬਕਾ ਕੇਂਦਰੀ ਮੰਤਰੀ;
3. ਸ਼੍ਰੀਮਤੀ ਸੁਸ਼ਮਾ ਸਵਰਾਜ, ਸਾਬਕਾ ਕੇਂਦਰੀ ਮੰਤਰੀ;
4. ਸਰਦਾਰ ਸੁਖਦੇਵ ਸਿੰਘ ਲਿਬੜਾ, ਸਾਬਕਾ-ਐਮ.ਪੀ;
5. ਸਰਦਾਰ ਸੁਰਿੰਦਰ ਸਿੰਘ ਧੂਰੀ, ਸਾਬਕਾ ਸੰਸਦੀ ਸਕੱਤਰ;
6. ਸਰਦਾਰ ਮੁਖਤਿਆਰ ਸਿੰਘ, ਸੁਤੰਤਰਤਾ ਸੰਗਰਾਮੀ;
7. ਸ਼੍ਰੀ ਸੀਤਾ ਸਿੰਘ, ਸੁਤੰਤਰਤਾ ਸੰਗਰਾਮੀ;
8. ਸ਼੍ਰੀ ਗੁਰਦਿਆਲ ਸਿੰਘ, ਸੁਤੰਤਰਤਾ ਸੰਗਰਾਮੀ;
9. ਸ਼੍ਰੀ ਮੁਣਸ਼ਾ ਸਿੰਘ, ਸੁਤੰਤਰਤਾ ਸੰਗਰਾਮੀ;
10. ਸ਼੍ਰੀ ਨਿਰਮਲ ਸਿੰਘ, ਸੁਤੰਤਰਤਾ ਸੰਗਰਾਮੀ;
11. ਪਦਮ ਸ਼੍ਰੀ ਸਰਬਜੀਤ ਸਿੰਘ, ਆਈ.ਏ.ਐਸ (ਰਿਟਾਇਰਡ)
12. ਡਾ. ਹਰਭਜਨ ਸਿੰਘ ਦਿਓਲ, ਮੈਂਬਰ, ਪੀ.ਪੀ.ਐਸ.ਸੀ;
13. ਸ਼੍ਰੀ ਕਮਲ ਸ਼ਰਮਾ, ਸਾਬਕਾ ਪ੍ਰਧਾਨ, ਬੀ.ਜੇ.ਪੀ;

ਮਾਨਯੋਗ ਸਪੀਕਰ ਵੱਲੋਂ ਉਪਰੋਕਤ ਵਰਣਿਤ ਮਹਾਨ ਸ਼ਖਸੀਅਤਾਂ ਨੂੰ ਸ਼ਰਧਾਂਜਲੀਆਂ ਭੇਂਟ ਕੀਤੀਆਂ ਗਈਆਂ। ਇਨ੍ਹਾਂ ਤੋਂ ਇਲਾਵਾ ਮਾਨਯੋਗ ਸਪੀਕਰ ਦੁਆਰਾ ਸ਼੍ਰੀ ਅਮਨ ਅਰੋੜਾ, ਮੈਂਬਰ ਦੇ ਭਰਾ ਸ਼੍ਰੀ ਕਮਲ ਅਰੋੜਾ ਨੂੰ ਵੀ ਸ਼ਰਧਾਂਜਲੀ ਭੇਂਟ ਕੀਤੀ ਗਈ। ਇਸ ਤੋਂ ਇਲਾਵਾ ਸਰਦਾਰ ਹਰਦਿਆਲ ਸਿੰਘ ਕੰਬੋਜ, ਮੈਂਬਰ ਦੁਆਰਾ ਸਰਦਾਰ ਜੀਵਨ ਸਿੰਘ, ਸੁਤੰਤਰਤਾ ਸੰਗਰਾਮੀ; ਸਰਦਾਰ ਨਵਤੇਜ ਸਿੰਘ ਚੀਮਾ, ਮੈਂਬਰ ਦੁਆਰਾ ਲੋਹੀਆਂ ਤੋਂ ਸਰਦਾਰ ਸ਼ਿੰਗਾਰਾ ਸਿੰਘ, ਕਾਰਜਕਾਰੀ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਮੈਂਬਰ ਅਤੇ ਸਰਦਾਰ ਲਖਬੀਰ ਸਿੰਘ ਲੋਧੀਨੰਗਲ, ਮੈਂਬਰ ਦੁਆਰਾ ਸ਼੍ਰੀ ਹਰੀਕ੍ਰਿਸ਼ਨ, ਸੁਤੰਤਰਤਾ ਸੰਗਰਾਮੀ ਦੇ ਨਾਂ ਅੱਜ ਦੇ ਸ਼ੋਕ ਪ੍ਰਸਤਾਵਾਂ ਵਾਲੀ ਸੂਚੀ ਵਿੱਚ ਸ਼ਾਮਲ ਕਰਨ ਲਈ ਕਹੇ ਜਾਣ ਤੇ ਮਾਨਯੋਗ ਸਪੀਕਰ ਵੱਲੋਂ ਉਨ੍ਹਾਂ ਦੇ ਨਾਂਵਾਂ ਨੂੰ ਵੀ ਸ਼ਰਧਾਂਜਲੀਆਂ ਵਾਲੀ ਸੂਚੀ ਵਿੱਚ ਸ਼ਾਮਲ ਕਰ ਲਿਆ ਗਿਆ।

ਮਾਨਯੋਗ ਸਪੀਕਰ ਵੱਲੋਂ ਸਦਨ ਨੂੰ ਸੂਚਿਤ ਕੀਤਾ ਗਿਆ ਕਿ ਵਿਛੜੀਆਂ ਸ਼ਖਸੀਅਤਾਂ ਦੇ ਦੁਖੀ ਪਰਿਵਾਰਾਂ ਨੂੰ ਸ਼ੋਕ ਸੁਨੇਹੇ ਭੇਜ ਦਿੱਤੇ ਜਾਣਗੇ।

ਸਦਨ ਨੇ ਵਿਛੜੀਆਂ ਰੂਹਾਂ ਦੀ ਯਾਦ ਵਿੱਚ ਸਤਿਕਾਰ ਵਜੋਂ ਦੋ ਮਿੰਟ ਲਈ ਖੜ੍ਹੇ ਹੋ ਕੇ ਮੋਨ ਧਾਰਨ ਕੀਤਾ।

### 2. ਸਦਨ ਨੂੰ ਥੋੜ੍ਹੇ ਸਮੇਂ ਲਈ ਸਥਗਿੱਤ ਕਰਨਾ

ਮਾਨਯੋਗ ਸਪੀਕਰ ਵੱਲੋਂ ਸ਼ਰਧਾਂਜਲੀਆਂ ਭੇਂਟ ਕਰਨ ਉਪਰੰਤ ਸਤਿਕਾਰ ਵਜੋਂ ਸਦਨ 03.30 ਵਜੇ ਬਾਅਦ ਦੁਪਹਿਰ ਤੱਕ ਲਈ ਸਥਗਿੱਤ ਕੀਤਾ ਗਿਆ।

3. **ਮਾਨਯੋਗ ਸਪੀਕਰ ਦੁਆਰਾ ਸਭਾਪਤੀ ਨਾਮਾਂਵਲੀ ਸਬੰਧੀ ਐਲਾਨ**

ਮਾਨਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਂਵਲੀ ਦੇ ਨਿਯਮ 13 (1) ਅਧੀਨ ਨਿਮਨਲਿਖਤ ਮੈਂਬਰਾਂ ਨੂੰ ਸਭਾਪਤੀ ਨਾਮਾਵਲੀ ਲਈ ਨਾਮਜ਼ਦ ਕਰਨ ਸਬੰਧੀ ਐਲਾਨ ਕੀਤਾ:

1. ਸਰਦਾਰ ਪਰਗਟ ਸਿੰਘ ਪੋਆਰ
2. ਸਰਦਾਰ ਪਰਮਿੰਦਰ ਸਿੰਘ ਪਿੰਕੀ
3. ਸ਼੍ਰੀ ਅਮਨ ਅਰੋੜਾ
4. ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ

4. **ਸਕੱਤਰ ਦੁਆਰਾ ਐਲਾਨ**

ਸਕੱਤਰ ਵੱਲੋਂ 15ਵੀਂ ਵਿਧਾਨ ਸਭਾ ਦੁਆਰਾ ਇਸ ਦੇ ਅੱਠਵੇਂ ਸਮਾਗਮ ਦੌਰਾਨ ਪਾਸ ਕੀਤੇ ਗਏ ਬਿਲਾਂ, ਜਿਨ੍ਹਾਂ ਤੇ ਰਾਜਪਾਲ ਜੀ ਨੇ ਆਪਣੀ ਸਹਿਮਤੀ ਦੇ ਦਿੱਤੀ ਹੈ, ਦਾ ਵੇਰਵਾ ਸਦਨ ਦੀ ਮੇਜ਼ ਤੇ ਰੱਖਿਆ ਗਿਆ।

5. **ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ**

ਮਾਨਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੁਆਰਾ ਮਿਤੀ 07.11.2019 ਨੂੰ ਕੀਤੇ ਜਾਣ ਵਾਲੇ ਕੰਮ-ਕਾਰ ਸਬੰਧੀ ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਸਦਨ ਵਿਚ ਪੇਸ਼ ਕੀਤੀ।

ਸੰਸਦੀ ਮਾਮਲੇ ਮੰਤਰੀ ਵੱਲੋਂ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ :-

> "ਕਿ ਇਹ ਸਦਨ ਕਾਰਜ-ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਵਿੱਚ ਦਰਜ ਸਿਫਾਰਸ਼ਾਂ ਨਾਲ ਸਹਿਮਤ ਹੈ।"

6. **ਪੰਜਾਬ ਵਿਧਾਨ ਸਭਾ ਦੀ ਕਾਰਜ ਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਦੇ ਕੁੱਝ ਨਿਯਮਾਂ ਨੂੰ ਮੁਅੱਤਲ ਕਰਨ ਸਬੰਧੀ ਪ੍ਰਸਤਾਵ**

ਸੰਸਦੀ ਮਾਮਲੇ ਮੰਤਰੀ ਵੱਲੋਂ ਹੇਠ ਲਿਖਿਆ ਪ੍ਰਸਤਾਵ ਸਦਨ ਵਿਚ ਪੇਸ਼ ਕੀਤਾ ਗਿਆ ਅਤੇ ਪ੍ਰਵਾਨ ਹੋਇਆ:

> "ਇਹ ਸਦਨ ਸੰਕਲਪ ਕਰਦਾ ਹੈ ਕਿ ਪੰਜਾਬ ਵਿਧਾਨ ਸਭਾ ਦੇ ਚਾਲੂ ਸਮਾਗਮ ਜੋ ਕੁੱਝ ਜ਼ਰੂਰੀ ਅਤੇ ਮਹੱਤਵਪੂਰਨ ਸਰਕਾਰੀ ਕੰਮ-ਕਾਰ ਲਈ ਵਿਸ਼ੇਸ਼ ਸਮਾਗਮ ਹੈ, ਦੇ ਦੌਰਾਨ ਕੇਵਲ ਸਰਕਾਰੀ ਕੰਮਕਾਰ ਹੀ ਕੀਤਾ ਜਾਵੇ ਅਤੇ ਹੋਰ ਕੋਈ ਵੀ ਕੰਮਕਾਰ ਜਿਸ ਵਿਚ ਪ੍ਰਸ਼ਨ, ਧਿਆਨ ਦਿਵਾਊ ਨੋਟਿਸ ਅਤੇ ਕਿਸੇ ਪ੍ਰਾਈਵੇਟ ਮੈਂਬਰ ਦੁਆਰਾ ਪੇਸ਼ ਕੀਤੇ ਜਾਣ ਵਾਲਾ ਕੋਈ ਹੋਰ ਕੰਮ-ਕਾਰ ਵੀ ਸ਼ਾਮਲ ਹੈ, ਇਸ ਸਮਾਗਮ ਦੇ ਦੌਰਾਨ ਸਦਨ ਦੇ ਸਾਹਮਣੇ ਨਾ ਲਿਆਂਦਾ ਜਾਵੇ ਜਾਂ ਸਦਨ ਵਿਚ ਨਾ ਕੀਤਾ ਜਾਵੇ ਅਤੇ ਪੰਜਾਬ ਵਿਧਾਨ ਸਭਾ ਦੀ ਕਾਰਜ ਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਵਿਚ ਇਸ ਵਿਸ਼ੇ ਨਾਲ ਸਬੰਧਤ ਨਿਯਮ ਉਸ ਹੱਦ ਤੱਕ ਮੁਅੱਤਲ ਕੀਤੇ ਗਏ ਸਮਝੇ ਜਾਣ। "

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਮਤੇ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਕੁਲਤਾਰ ਸਿੰਘ ਸੰਧਵਾਂ, ਆਮ ਆਦਮੀ ਪਾਰਟੀ | 02 ਮਿੰਟ |
| 2. | ਸਰਦਾਰ ਸਿਮਰਜੀਤ ਸਿੰਘ ਬੈਂਸ, ਲੋਕ ਇਨਸਾਫ਼ ਪਾਰਟੀ | 02 ਮਿੰਟ |
| 3. | ਸਰਦਾਰ ਚਰਨਜੀਤ ਸਿੰਘ ਚੰਨੀ, ਤਕਨੀਕੀ ਸਿੱਖਿਆ ਮੰਤਰੀ | 01 ਮਿੰਟ |
| 4. | ਸਰਦਾਰ ਪਰਮਿੰਦਰ ਸਿੰਘ ਢੀਂਡਸਾ, ਸ਼੍ਰੋਮਣੀ ਅਕਾਲੀ ਦਲ | 01 ਮਿੰਟ |

7. **ਸਰਕਾਰੀ ਮਤਾ**

ਕੈਪਟਨ ਅਮਰਿੰਦਰ ਸਿੰਘ, ਮੁੱਖ ਮੰਤਰੀ ਵੱਲੋਂ ਹੇਠ ਲਿਖਿਆ ਮਤਾ ਸਦਨ ਵਿਚ ਪੇਸ਼ ਕੀਤਾ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ:

> "ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਦੇ ਇਤਿਹਾਸਿਕ ਅਵਸਰ ਤੇ ਇਹ ਸਦਨ ਉਸ ਮਹਾਨ ਰੂਹਾਨੀ ਰਹਿਬਰ ਦਾ ਧਿਆਨ ਧਰ ਕੇ ਆਪਣੀ ਸ਼ਰਧਾ

ਅਤੇ ਅਕੀਦਤ ਦਾ ਇਜ਼ਹਾਰ ਕਰਦਿਆ ਹੋਇਆਂ ਨਿਮਰਤਾ ਸਹਿਤ ਉਨ੍ਹਾਂ ਦੇ ਸਤਿਕਾਰ ਵਿਚ ਨਤਮਸਤਕ ਹੁੰਦਾ ਹੈ।

ਗੁਰੂ ਨਾਨਕ ਦੇਵ ਜੀ ਨੇ ਧਰਮਾਂ, ਜਾਤਾਂ, ਦੇਸ਼ਾਂ ਅਤੇ ਕੌਮਾਂ ਦੀਆਂ ਹੱਦਾਂ ਤੋਂ ਪਾਰ ਸਾਰੇ ਜਹਾਨ ਨੂੰ ਏਕਤਾ, ਬਰਾਬਰੀ, ਸੱਚ ਅਤੇ ਪ੍ਰੇਮ ਦਾ ਸਾਂਝਾ ਉਪਦੇਸ਼ ਦਿੱਤਾ।

ਅਮੀਰ ਅਤੇ ਗਰੀਬ, ਉਚ ਅਤੇ ਨੀਚ, ਪੁਰਖ ਅਤੇ ਨਾਰ ਨੂੰ ਬਰਾਬਰ ਦਾ ਮਾਣ ਦੇ ਕੇ ਅਤੇ ਆਪਣੇ ਆਪ ਨੂੰ ਗਰੀਬਾਂ ਮਸਕੀਨਾਂ ਦਾ ਸੰਗੀ ਆਖ ਕੇ ਸਾਰੀ ਮਾਨਵਤਾ ਨੂੰ ਸਦੀਵੀ ਓਟ ਅਤੇ ਪਿਆਰ ਦਿੱਤਾ।

ਗੁਰੂ ਨਾਨਕ ਦੇਵ ਜੀ ਨੇ ਆਪਣੀ ਪਾਵਨ ਬਾਣੀ ਆਰਤੀ ਦੇ ਰੂਪ ਵਿਚ ਬ੍ਰਹਿਮੰਡੀ ਗਾਨ ਦੀ ਰਚਨਾ ਕਰ ਕੇ ਸਾਰੀ ਕਾਇਨਾਤ, ਕੁਦਰਤ ਅਤੇ ਮਾਨਵਤਾ ਦੀ ਆਦਿ ਜੁਗਾਦਿ ਸਾਂਝ ਤੇ ਇਸ ਸਾਰੇ ਵਰਤਾਰੇ ਦੀ ਪਾਵਨਤਾ ਨੂੰ ਪਰਗਟ ਕੀਤਾ।

ਉਨ੍ਹਾਂ ਨੇ ਪਵਣ ਨੂੰ ਗੁਰੂ, ਪਾਣੀ ਨੂੰ ਪਿਤਾ ਤੇ ਧਰਤੀ ਨੂੰ ਮਾਤਾ ਕਹਿ ਕੇ ਕੁਦਰਤ ਨਾਲ ਮਾਨਵ ਦੇ ਗਹਿਰੇ ਅਤੇ ਸਦੀਵੀ ਰਿਸ਼ਤੇ ਨੂੰ ਉਜਾਗਰ ਕੀਤਾ।

ਉਨ੍ਹਾਂ ਨੇ ਆਪਣੀ ਇਲਾਹੀ ਬਾਣੀ ਤੇ ਸੰਗੀਤ ਦੀ ਦਾਤ ਸੰਸਾਰ ਨੂੰ ਬਖਸ਼ ਦਿੱਤੀ ਜਿਹੜੀ ਜੁਗੋ ਜੁਗ ਰੂਹਾਨੀ ਰੋਸ਼ਨੀ, ਸਹਾਰਾ ਅਤੇ ਪ੍ਰੇਰਣਾ ਬਣ ਕੇ ਮਾਨਵਤਾ ਦੇ ਅੰਗ ਸੰਗ ਰਹੇਗੀ।

ਇਸ ਪਾਵਨ ਅਵਸਰ ਤੇ ਇਹ ਸਦਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਮਨੁੱਖਤਾ, ਸਹਿਨਸ਼ੀਲਤਾ ਅਤੇ ਕਰੁਣਾ ਅਤੇ ਵਾਤਾਵਰਣ ਦੀ ਸੁਰੱਖਿਆ ਦੇ ਸੰਦੇਸ਼ ਨੂੰ ਅੱਗੇ ਵਧਾਉਣ ਦਾ ਮਤਾ ਪਾਸ ਕਰਦਾ ਹੈ। ਇਹ ਸਦਨ ਮਹਾਨ ਗੁਰੂ ਦੀ ਸਮੇਂ ਦੇ ਹੱਦ ਬੰਨੇ ਤੋਂ ਉੱਪਰ ਦੀ ਵਿਰਾਸਤ ਅਤੇ ਉਨ੍ਹਾਂ ਵੱਲੋਂ ਦਰਸਾਏ ਆਦਰਸ਼ਾਂ ਅਤੇ ਮੁੱਲਾਂ ਨੂੰ ਵੀ ਮੁੜ ਸਮਰਪਿਤ ਹੁੰਦਾ ਹੈ।"

ਮਤਾ ਪੇਸ਼ ਕਰਦੇ ਹੋਏ ਮੁੱਖ ਮੰਤਰੀ 08 ਮਿੰਟ ਲਈ ਬੋਲੇ।

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਮਤੇ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਪ੍ਰਕਾਸ਼ ਸਿੰਘ ਬਾਦਲ, ਸ਼੍ਰੋਮਣੀ ਅਕਾਲੀ ਦਲ | 24 ਮਿੰਟ |
| 2. | ਸ਼੍ਰੀ ਅਮਨ ਅਰੋੜਾ, ਆਮ ਆਦਮੀ ਪਾਰਟੀ | 08 ਮਿੰਟ |
| 3. | ਸਰਦਾਰ ਚਰਨਜੀਤ ਸਿੰਘ ਚੰਨੀ, ਤਕਨੀਕੀ ਸਿੱਖਿਆ ਮੰਤਰੀ | 19 ਮਿੰਟ |
| 4. | ਸ਼੍ਰੀ ਬੁੱਧ ਰਾਮ, ਆਮ ਆਦਮੀ ਪਾਰਟੀ | 13 ਮਿੰਟ |
| 5. | ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ, ਸ਼੍ਰੋਮਣੀ ਅਕਾਲੀ ਦਲ | 20 ਮਿੰਟ |
| 6. | ਸਰਦਾਰ ਹਰਮਿੰਦਰ ਸਿੰਘ ਗਿੱਲ, ਇੰਡੀਅਨ ਨੈਸ਼ਨਲ ਕਾਂਗਰਸ | 16 ਮਿੰਟ |
| 7. | ਸਰਦਾਰ ਬਲਵਿੰਦਰ ਸਿੰਘ ਬੈਂਸ, ਲੋਕ ਇਨਸਾਫ਼ ਪਾਰਟੀ | 12 ਮਿੰਟ |
| 8. | ਸਰਦਾਰ ਤਰਸੇਮ ਸਿੰਘ ਡੀ.ਸੀ., ਇੰਡੀਅਨ ਨੈਸ਼ਨਲ ਕਾਂਗਰਸ | 16 ਮਿੰਟ |
| 9. | ਸ਼੍ਰੀਮਤੀ ਸਰਵਜੀਤ ਕੌਰ ਮਾਣੂਕੇ, ਆਮ ਆਦਮੀ ਪਾਰਟੀ | 05 ਮਿੰਟ |
| 10. | ਸਰਦਾਰ ਕੁਲਜੀਤ ਸਿੰਘ ਨਾਗਰਾ, ਇੰਡੀਅਨ ਨੈਸ਼ਨਲ ਕਾਂਗਰਸ | 09 ਮਿੰਟ |
| 11. | ਸਰਦਾਰ ਬਿਕਰਮ ਸਿੰਘ ਮਜੀਠੀਆ, ਸ਼੍ਰੋਮਣੀ ਅਕਾਲੀ ਦਲ | 13 ਮਿੰਟ |
| 12. | ਸਰਦਾਰ ਸਾਧੂ ਸਿੰਘ ਧਰਮਸੋਤ, ਭਲਾਈ ਮੰਤਰੀ | 13 ਮਿੰਟ |
| 13. | ਸਰਦਾਰ ਹਰਿੰਦਰਪਾਲ ਸਿੰਘ ਚੰਦੂਮਾਜਰਾ, ਸ਼੍ਰੋਮਣੀ ਅਕਾਲੀ ਦਲ | 12 ਮਿੰਟ |
| 14. | ਸਰਦਾਰ ਹਰਪਾਲ ਸਿੰਘ ਚੀਮਾ, ਵਿਰੋਧੀ ਧਿਰ ਦੇ ਨੇਤਾ | 08 ਮਿੰਟ |
| 15. | ਸਰਦਾਰ ਹਰਦਿਆਲ ਸਿੰਘ ਕੰਬੋਜ, ਇੰਡੀਅਨ ਨੈਸ਼ਨਲ ਕਾਂਗਰਸ | 02 ਮਿੰਟ |
| 16. | ਸਰਦਾਰ ਤ੍ਰਿਪਤ ਰਜਿੰਦਰ ਸਿੰਘ ਬਾਜਵਾ, ਉਚੇਰੀ ਸਿੱਖਿਆ ਮੰਤਰੀ | 14 ਮਿੰਟ |

## 8. ਸਦਨ ਦਾ ਸਮਾਂ ਵਧਾਉਣਾ

ਮਾਨਯੋਗ ਸਪੀਕਰ ਵੱਲੋਂ ਸਦਨ ਦੀ ਸਹਿਮਤੀ ਨਾਲ ਅੱਜ ਦੀ ਬੈਠਕ ਦਾ ਸਮਾਂ ਅੱਜ ਦੀ ਕਾਰਜਸੂਚੀ ਵਿੱਚ ਦਰਸਾਏ ਬਿਜ਼ਨਸ ਦੇ ਖਤਮ ਹੋਣ ਤੱਕ ਵਧਾਇਆ ਗਿਆ।

## 9. ਸਰਕਾਰੀ ਮਤਾ

ਸਰਦਾਰ ਤ੍ਰਿਪਤ ਰਜਿੰਦਰ ਸਿੰਘ ਬਾਜਵਾ, ਉਚੇਰੀ ਸਿੱਖਿਆ ਮੰਤਰੀ ਵੱਲੋਂ ਹੇਠ ਲਿਖਿਆ ਮਤਾ ਸਦਨ ਵਿਚ ਪੇਸ਼ ਕੀਤਾ ਗਿਆ ਜਿਸ ਦੀ ਸਰਦਾਰ ਚਰਨਜੀਤ ਸਿੰਘ ਚੰਨੀ, ਤਕਨੀਕੀ ਸਿੱਖਿਆ ਮੰਤਰੀ ਵਲੋਂ ਪ੍ਰੋੜਤਾ ਕੀਤੀ ਗਈ ਅਤੇ ਇਹ ਮਤਾ ਸਰਬਸੰਮਤੀ ਨਾਲ ਪ੍ਰਵਾਨ ਹੋਇਆ:

" ਕਿ ਸਮੁੱਚਾ ਸਦਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਬੇਨਤੀ ਕਰਦਾ ਹੈ ਕਿ ਸ਼੍ਰੀ ਹਰਿਮੰਦਰ ਸਾਹਿਬ ਤੋਂ ਹੁੰਦੇ ਕੀਰਤਨ ਦੇ ਲਾਈਵ

ਪ੍ਰਸਾਰਣ ਲਈ ਜਿਹੜਾ ਵੀ ਚੈਨਲ ਇਜਾਜ਼ਤ ਮੰਗਦਾ ਹੈ ਉਸ ਨੂੰ ਗੁਰਬਾਣੀ ਦਾ ਪ੍ਰਸਾਰਣ ਕਰਨ ਲਈ ਇਜਾਜ਼ਤ ਦਿੱਤੀ ਜਾਵੇ ਤਾਂ ਕਿ ਦੁਨੀਆਂ ਦੇ ਹਰ ਕੋਨੇ ਵਿੱਚ ਗੁਰਬਾਣੀ ਦਾ ਚਾਨਣ ਪਹੁੰਚੇ, ਗੁਰੂਆਂ ਦੀ ਬਾਣੀ ਪਹੁੰਚੇ ਅਤੇ ਲੋਕਾਂ ਨੂੰ ਉਸ ਰਾਹ ਤੇ ਤੁਰਨ ਦਾ ਮੌਕਾ ਮਿਲੇ।"

9. **ਵਿਧਾਨਕ ਕੰਮ-ਕਾਰ**

1. **ਜਗਤ ਗੁਰੂ ਨਾਨਕ ਦੇਵ ਪੰਜਾਬ ਰਾਜ ਓਪਨ ਯੂਨੀਵਰਸਿਟੀ ਬਿਲ, 2019**

ਉਚੇਰੀ ਸਿੱਖਿਆ ਮੰਤਰੀ ਨੇ ਜਗਤ ਗੁਰੂ ਨਾਨਕ ਦੇਵ ਪੰਜਾਬ ਰਾਜ ਓਪਨ ਯੂਨੀਵਰਸਿਟੀ ਬਿਲ, 2019 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰਾਂ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਪਰਮਿੰਦਰ ਸਿੰਘ ਢੀਂਡਸਾ, ਸ਼੍ਰੋਮਣੀ ਅਕਾਲੀ ਦਲ | 04 ਮਿੰਟ |
| 2. | ਸ਼੍ਰੀ ਬੁੱਧ ਰਾਮ, ਆਮ ਆਦਮੀ ਪਾਰਟੀ | 02 ਮਿੰਟ |
| 3. | ਸਰਦਾਰ ਚਰਨਜੀਤ ਸਿੰਘ ਚੰਨੀ, ਤਕਨੀਕੀ ਸਿੱਖਿਆ ਮੰਤਰੀ | 02 ਮਿੰਟ |

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 31 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਏ।

ਉਚੇਰੀ ਸਿੱਖਿਆ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ ਕਿ ਜਗਤ ਗੁਰੂ ਨਾਨਕ ਦੇਵ ਪੰਜਾਬ ਰਾਜ ਓਪਨ ਯੂਨੀਵਰਸਿਟੀ ਬਿਲ, 2019 ਨੂੰ ਪਾਸ ਕੀਤਾ ਜਾਵੇ, ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਸਰਦਾਰ ਤ੍ਰਿਪਤ ਰਜਿੰਦਰ ਸਿੰਘ ਬਾਜਵਾ, ਉਚੇਰੀ ਸਿੱਖਿਆ ਮੰਤਰੀ ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 01 ਮਿੰਟ ਲਈ ਬੋਲੇ।

10. **ਮਾਨਯੋਗ ਸਪੀਕਰ ਦੁਆਰਾ ਸਦਨ ਦਾ ਧੰਨਵਾਦ**

ਮਾਨਯੋਗ ਸਪੀਕਰ ਨੇ ਅਜ਼ੀਮ ਸਦਨ ਦੇ ਸਮੂਹ ਮੈਂਬਰ ਸਾਹਿਬਾਨਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਜਿਨਾਂ ਨੇ ਅੱਜ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਦੇ ਸਬੰਧ ਵਿਚ ਹੋਏ ਵਿਸ਼ੇਸ਼ ਸਮਾਗਮ ਵਿਚ ਸਦਨ ਦੀ ਕਾਰਵਾਈ ਚਲਾਉਣ ਅਤੇ ਉਸ ਤੋਂ ਪਹਿਲਾਂ ਹੋਏ ਪ੍ਰੋਗਰਾਮ ਨੂੰ ਸਫਲ ਬਣਾਉਣ ਵਿਚ ਆਪਣਾ ਸਹਿਯੋਗ ਦਿੱਤਾ। ਮਾਨਯੋਗ ਮੈਂਬਰਾਂ ਦੇ ਸਹਿਯੋਗ ਨਾਲ ਸਦਨ ਵਿਚ ਬਹੁਤ ਵਧੀਆ ਮਾਹੌਲ ਰਿਹਾ। ਗੁਰੂ ਸਾਹਿਬ ਜੀ ਦੀ ਅਪਾਰ ਮਿਹਰ ਸਦਕਾ ਮਾਨਯੋਗ ਮੈਂਬਰਾਂ ਵੱਲੋਂ ਬਹੁਤ ਹੀ ਵਧੀਆ, ਵੱਡਮੁੱਲੇ ਵਿਚਾਰ, ਬਹੁਤ ਹੀ ਅੱਛੇ ਵਾਤਾਵਰਣ ਵਿਚ ਪੇਸ਼ ਕੀਤੇ ਗਏ। ਮਾਨਯੋਗ ਸਪੀਕਰ ਨੇ ਉਮੀਦ ਕੀਤੀ ਕਿ ਸਾਰੇ ਮੈਂਬਰ ਸਾਹਿਬਾਨ ਇਸੇ ਤਰ੍ਹਾਂ ਸਦਨ ਦੀ ਮਰਿਆਦਾ ਨੂੰ ਕਾਇਮ ਰੱਖਣ ਵਿਚ ਉਨ੍ਹਾਂ ਦਾ ਸਹਿਯੋਗ ਦਿੰਦੇ ਰਹਿਣਗੇ।

ਇਸ ਉਪਰੰਤ ਸਦਨ ਵੀਰਵਾਰ, ਮਿਤੀ 07 ਨਵੰਬਰ, 2019 ਦੇ 11.00 ਵਜੇ ਪੂਰਵ ਦੁਪਹਿਰ ਤੱਕ ਸਥੱਗਿਤ ਹੋ ਗਿਆ।

ਚੰਡੀਗੜ੍ਹ :
06 ਨਵੰਬਰ, 2019

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ ।